# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 04 ਅਗਸਤ 2026

----

ਕੁੱਲ ਪ੍ਰਸ਼ਨ 20

----

### ਦਸੂਹਾ ਹਲਕੇ ਦੇ ਪਿੰਡਾਂ ਵਿਖੇ ਸੇਵਾ ਕੇਂਦਰ ਦੁਬਾਰਾ ਸ਼ੁਰੂ ਕਰਨਾ

*1871 ਸ. ਕਰਮਬੀਰ ਸਿੰਘ (ਦਸੂਹਾ):

**ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੋਜੀ, ਰੋਜ਼ਗਾਰ ਉਤਪਤੀ ਅਤੇ ਸਿਖਲਾਈ , ਉਦਯੋਗ ਅਤੇ ਵਣਜ ਵਿਭਾਗ, ਨਿਵੇਸ਼ ਪ੍ਰਮੋਸ਼ਨ ਵਿਭਾਗ** ਕੀ ਸੁਚੱਜਾ ਪ੍ਰਸ਼ਾਸਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਦਸੂਹਾ ਹਲਕੇ ਦੇ ਪਿੰਡਾਂ ਅਮਰੋਹ, ਆਲਮਪੁਰ ਅਤੇ ਬਹਿ ਲੱਖਨ ਵਿਖੇ ਸੇਵਾ ਕੇਂਦਰ ਲੰਮੇ ਸਮੇਂ ਤੋਂ ਬੰਦ ਪਏ ਹਨ ਅਤੇ ਬਿਲਡਿੰਗਾਂ ਵੀ ਖੰਡ੍ਹਰ ਬਣ ਰਹੀਆਂ ਹਨ ਜਿਸ ਕਰਕੇ ਲੋਕਾਂ ਨੂੰ ਕੰਮ ਕਰਵਾਉਣ ਲਈ ਦੂਰ-ਦੁਰਾਡੇ ਜਾਣਾ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਇਨ੍ਹਾਂ ਸੇਵਾ ਕੇਂਦਰਾਂ ਨੂੰ ਦੁਬਾਰਾ ਸ਼ੁਰੂ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਅਮਲ ਵਿੱਚ ਲਿਆਂਦੀ ਜਾਵੇਗੀ?

----

### ਸੀਨੀਅਰ ਸਿਟੀਜਨਾਂ ਦੀ ਭਲਾਈ ਲਈ ਉਚਿੱਤ ਪ੍ਰਬੰਧ ਕਰਨਾ

*1969 ਸ਼੍ਰੀਮਤੀ ਰਾਜਿੰਦਰ ਪਾਲ ਕੌਰ (ਲੁਧਿਆਣਾ ਦੱਖਣੀ):

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ** ਕੀ ਸਮਾਜਿਕ ਸੁਰੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸੂਬੇ ਵਿੱਚ ਸੀਨੀਅਰ ਸਿਟੀਜਨਾਂ ਦੀ ਭਲਾਈ ਲਈ ਪਹਿਲ-ਕਦਮੀਆਂ ਕੀਤੀਆਂ ਜਾ ਰਹੀਆਂ ਹਨ; ਜੇਕਰ ਅਜਿਹਾ ਹੈ ਤਾਂ ਉਸਦੇ ਵੇਰਵੇ ਕੀ ਹਨ?

----

## ਕਮਿਉਨਿਟੀ ਹੈਲਥ ਸੈਂਟਰ ਲਾਲੜੂ ਵਿੱਚ 24 ਘੰਟੇ ਸਿਹਤ ਸੇਵਾਵਾਂ ਸ਼ੁਰੂ ਕਰਨਾ

***1886 ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਕਮਿਉਨਿਟੀ ਹੈਲਥ ਸੈਂਟਰ ਲਾਲੜੂ ਵਿਖੇ 24 ਘੰਟੇ ਸਿਹਤ ਸੇਵਾਵਾਂ ਸ਼ੁਰੂ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਸਰਕਾਰੀ ਬਰਜਿੰਦਰਾ ਕਾਲਜ, ਫ਼ਰੀਦਕੋਟ ਵਿਖੇ ਨਵਾਂ ਆਡੀਟੋਰੀਅਮ ਬਣਾਉਣਾ

***1941 ਸ. ਗੁਰਦਿੱਤ ਸਿੰਘ (ਫਰੀਦਕੋਟ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**
ਕੀ ਉੱਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਸਰਕਾਰੀ ਬਰਜਿੰਦਰਾ ਕਾਲਜ, ਫ਼ਰੀਦਕੋਟ ਵਿਖੇ ਵਿਦਿਆਰਥੀਆਂ ਦੀ ਵੱਧ ਰਹੀ ਗਿਣਤੀ ਅਤੇ ਸੱਭਿਆਚਾਰਕ/ਅਕਾਦਮਿਕ ਗਤੀਵਿਧੀਆਂ ਨੂੰ ਧਿਆਨ ਵਿੱਚ ਰੱਖਦਿਆਂ ਆਡੀਟੋਰੀਅਮ ਦੀ ਘਾਟ ਹੈ; ਜੇਕਰ ਅਜਿਹਾ ਹੈ ਤਾਂ ਕੀ ਸਰਕਾਰ ਵੱਲੋਂ ਕਾਲਜ ਵਿੱਚ ਨਵਾਂ ਆਡੀਟੋਰੀਅਮ ਬਣਾਉਣ ਦੀ ਕੋਈ ਯੋਜਨਾ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ;

ਅ) ਕੀ ਕਾਲਜ ਵਿੱਚ ਹੋਰ ਬੁਨਿਆਦੀ ਸਹੂਲਤਾਂ ਜਿਵੇਂ ਕਿ ਨਵੇਂ ਕਲਾਸਰੂਮ, ਸਮਾਰਟ ਕਲਾਸਾਂ, ਲਾਇਬ੍ਰੇਰੀ ਅਪਗ੍ਰੇਡ, ਖੇਡ ਮੈਦਾਨ ਅਤੇ ਵਿਦਿਆਰਥੀ ਸਹੂਲਤ ਕੇਂਦਰ ਲਈ ਵੀ ਕੋਈ ਤਜਵੀਜ ਹੈ ;ਵੇਰਵੇ ਸਹਿਤ ਦੱਸਿਆ ਜਾਵੇ?

----

## ਦੀਨਾ ਨਗਰ ਹਲਕੇ ਦੇ ਪੁਲਾਂ ਦੀ ਉਸਾਰੀ ਦੇ ਵੇਰਵੇ

***1956 ਸ਼੍ਰੀਮਤੀ ਅਰੁਣਾ ਚੌਧਰੀ (ਦੀਨਾ ਨਗਰ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਅਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਦੀਨਾ ਨਗਰ ਹਲਕੇ ਵਿੱਚ ਪਿੰਡ ਮਕੌੜਾ ਪੱਤਣ ਵਿਖੇ ਰਾਵੀ ਦਰਿਆ 'ਤੇ ਉੱਚ-ਪੱਧਰੀ ਪੁਲ ਅਤੇ ਪਿੰਡ ਨਾਨੂ ਨੰਗਲ ਵਿਖੇ ਯੂ.ਬੀ.ਡੀ.ਸੀ. (UBDC) ਨਹਿਰ 'ਤੇ ਪੁਲ ਦੀ ਉਸਾਰੀ ਲਈ ਤਜਵੀਜ਼ ਪਿਛਲੀ ਸਰਕਾਰ ਵੱਲੋਂ ਪਹਿਲਾਂ ਹੀ ਮਨਜ਼ੂਰ ਕੀਤੀ ਗਈ ਸੀ; ਜੇਕਰ ਹਾਂ, ਤਾਂ ਇਨ੍ਹਾਂ ਪ੍ਰੋਜੈਕਟਾਂ 'ਤੇ ਕੰਮ ਸ਼ੁਰੂ ਕਰਨ ਲਈ ਸਰਕਾਰ ਦੀ ਕੀ ਯੋਜਨਾ ਹੈ ਅਤੇ ਇਨ੍ਹਾਂ ਦੇ ਮੁਕੰਮਲ ਹੋਣ ਦੀ ਸੰਭਾਵਿਤ ਸਮਾਂ-ਸੀਮਾ ਕੀ ਹੈ ?

----

## ਘੋੜੇ/ਘੋੜੀਆਂ ਅਤੇ ਪਸ਼ੂਆਂ ਦੀ ਮੰਡੀ ਲਈ ਪੱਕੇ ਤੌਰ ਤੇ ਜਗ੍ਹਾ ਅਲਾਟ ਕਰਨਾ

***1960 ਸ. ਕੁਲਵੰਤ ਸਿੰਘ ਸਿੱਧੂ (ਆਤਮ ਨਗਰ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਘੋੜੇ/ਘੋੜੀਆਂ ਅਤੇ ਪਸ਼ੂਆਂ ਦੀ ਮੰਡੀ ਲਗਦੀ ਹੈ; ਜੇਕਰ ਅਜਿਹਾ ਹੈ ਤਾਂ ਕੀ ਇਹ ਜਗ੍ਹਾ ਪੱਕੇ ਤੌਰ ਤੇ ਮੰਡੀ ਨੂੰ ਅਲਾਟ ਕਰਨ ਦੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਅਬੋਹਰ ਅਤੇ ਬੱਲੂਆਣਾ ਹਲਕਿਆਂ ਦੀਆਂ ਟੇਲਾਂ ਤੱਕ ਪਾਣੀ ਪਹੁੰਚਾਉਣਾ

***1916 ਸ੍ਰੀ ਸੰਦੀਪ ਜਾਖੜ (ਅਬੋਹਰ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਅਬੋਹਰ ਅਤੇ ਬੱਲੂਆਣਾ ਹਲਕਿਆਂ ਵਿੱਚ ਮਲੂਕਪੁਰ ਰਜਵਾਹਾ, ਪੰਜਾਵਾ ਰਜਵਾਹਾ ਅਤੇ ਲੰਬੀ ਰਜਵਾਹਾ ਆਦਿ ਸਿਸਟਮ ਦੀਆਂ ਕਈ ਟੇਲਾਂ (ਨਹਿਰੀ ਸਿਰੇ) ਹਨ, ਜਿਨ੍ਹਾਂ ਵਿੱਚ ਆਮ ਤੌਰ ਤੇ ਪਾਣੀ ਦੀ ਘਾਟ ਰਹਿੰਦੀ ਹੈ; ਜੇਕਰ ਅਜਿਹਾ ਹੈ ਤਾਂ ਇਨ੍ਹਾਂ ਟੇਲਾਂ ਤੇ ਨਿਰਧਾਰਤ ਮਾਤਰਾ ਵਿੱਚ ਪਾਣੀ (ਅਧਿਕਾਰਤ ਡਿਸਚਾਰਜ) ਕਦੋਂ ਪ੍ਰਾਪਤ ਹੋ ਜਾਵੇਗਾ?

----

## ਨੀਡ ਬੇਸਡ ਪਾਲਿਸੀ ਬਣਾਉਣਾ

***1913 ਸ. ਕੁਲਵੰਤ ਸਿੰਘ (ਐਸ.ਏ.ਐਸ. ਨਗਰ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ :-**

ਕੀ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਐਸ.ਏ.ਐਸ. ਨਗਰ ਵਿੱਖੇ ਗਮਾਡਾ ਵੱਲੋਂ ਫ਼ੇਜ਼ 1 ਤੋਂ 11 ਅਤੇ ਸੈਕਟਰ 66 ਤੋਂ ਸੈਕਟਰ 73 ਵਿੱਚ ਕਮਰਸ਼ੀਅਲ ਬੂਥਾਂ ਲਈ ਅਲਾਟ ਕੀਤੀ ਜਗ੍ਹਾ ਤੇ ਗਰਾਉਂਡ ਫ਼ਲੋਰ ਤੋਂ ਇਲਾਵਾ ਪਹਿਲੀ ਮੰਜ਼ਲ ਦੀ ਉਸਾਰੀ ਦੀ ਪ੍ਰਵਾਨਗੀ ਦੇਣ ਲਈ ਕੋਈ ਨੀਤੀ ਬਣਾਉਣਾ ਸਰਕਾਰ ਦੇ ਵਿਚਾਰ ਅਧੀਨ ਹੈ ਕਿਉਂਕਿ ਮੋਹਾਲੀ ਦੇ ਬਾਕੀ ਦੇ ਸੈਕਟਰਾਂ/ਅਰਬਨ ਅਸਟੇਟਾਂ ਵਿੱਚ ਅਲਾਟ ਕੀਤੇ ਬੂਥਾਂ ਤੇ ਪਹਿਲੀ ਮੰਜ਼ਿਲ ਦੀ ਉਸਾਰੀ ਕਰਨ ਦੀ ਇਜਾਜ਼ਤ ਹੈ, ਜੇਕਰ ਹਾਂ ਤਾਂ ਇਸ ਨੂੰ ਕਦੋਂ ਤੱਕ ਅਮਲ ਵਿੱਚ ਲਿਆਂਦਾ ਜਾਵੇਗਾ;

**ਅ)** ਇਸ ਤੋਂ ਇਲਾਵਾ ਐਸ.ਏ.ਐਸ. ਨਗਰ ਸ਼ਹਿਰ ਵਿੱਖੇ ਗਮਾਡਾ ਵੱਲੋਂ ਬਣਾ ਕੇ ਦਿੱਤੇ ਗਏ ਮਕਾਨਾਂ ਤੇ ਸਬੰਧਤ ਮਕਾਨਾਂ ਦੇ ਮਾਲਕਾਂ ਵੱਲੋਂ ਪ੍ਰਵਾਨਤ ਉਸਾਰੀ ਤੋਂ ਇਲਾਵਾ ਕੀਤੀ ਵਾਧੂ ਉਸਾਰੀ ਨੂੰ ਕੁੱਝ ਹੱਦ ਤੱਕ ਰੈਗੂਲਰ ਕਰਨ ਲਈ ਨੀਡ ਬੇਸਡ ਪਾਲਿਸੀ ਸਰਕਾਰ ਦੇ ਵਿਚਾਰ ਅਧੀਨ ਹੈ? ਜੇਕਰ ਹਾਂ ਤਾਂ ਇਸ ਨੂੰ ਕਦੋਂ ਤੱਕ ਅਮਲ ਵਿੱਚ ਲਿਆਂਦਾ ਜਾਵੇਗਾ?

----

## ਰਾਜਪੁਰਾ ਦੇ ਪਿੰਡਾਂ ਵਿੱਚ ਸੀਚੇਵਾਲ ਮਾਡਲ ਤਹਿਤ ਕੰਮ ਸ਼ੁਰੂ ਕਰਨਾ

***1878 ਸ੍ਰੀਮਤੀ ਨੀਨਾ ਮਿੱਤਲ (ਰਾਜਪੁਰਾ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਰਾਜਪੁਰਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ 16 ਦੇ ਕਰੀਬ ਸੀਚੇਵਾਲ ਮਾਡਲ ਦੇ ਤਹਿਤ ਕੰਮ ਮੰਨਜ਼ੂਰ ਹੋਏ ਸਨ, ਪ੍ਰੰਤੂ ਕਿਸੇ ਵੀ ਪਿੰਡ ਵਿੱਚ ਕੰਮ ਸ਼ੁਰੂ ਨਹੀ ਹੋਇਆ; ਜੇਕਰ ਅਜਿਹਾ ਹੋਵੇ ਕਦੋਂ ਤੱਕ ਇਹ ਕੰਮ ਸ਼ੁਰੂ ਕੀਤੇ ਜਾਣਗੇ; ਵੇਰਵੇ ਸਹਿਤ ਦੱਸਿਆ ਜਾਵੇ?

----

## ਅੰਮ੍ਰਿਤਸਰ ਪੱਛਮੀ ਵਿਖੇ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਬਦਲਾਉਣਾ/ਨਵੀਆਂ ਪਾਉਣਾ

***1887 ਡਾ. ਜਸਬੀਰ ਸਿੰਘ ਸੰਧੂ (ਅੰਮ੍ਰਿਤਸਰ ਪੱਛਮੀ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਅੰਮ੍ਰਿਤਸਰ ਪੱਛਮੀ ਵਿੱਚ ਪੀਣ ਵਾਲੇ ਪਾਣੀ ਲਈ ਪਾਈਆਂ ਗਈਆਂ ਪਾਈਪਾਂ ਬਹੁਤ ਪੁਰਾਣੀਆਂ ਹੋ ਚੁੱਕੀਆ ਹਨ (ਲਗਭਗ 50 ਸਾਲ) ਅਤੇ ਥਾਂ-ਥਾਂ ਤੋਂ ਟੁੱਟੀਆਂ ਹੋਈਆਂ ਹਨ ਜਿਸ ਕਾਰਨ ਪੀਣ ਵਾਲਾ ਪਾਣੀ ਗੰਦਾ ਹੋ ਜਾਂਦਾ ਹੈ ਅਤੇ ਬਰਸਾਤਾਂ ਦੇ ਦਿਨਾਂ ਵਿੱਚ ਇਹ ਸਮੱਸਿਆ ਗੰਭੀਰ ਹੋ ਜਾਂਦੀ ਹੈ; ਜੇਕਰ ਅਜਿਹਾ ਹੈ ਤਾਂ ਕੀ ਇਨ੍ਹਾਂ ਪਾਈਪਾਂ ਨੂੰ ਬਦਲਾਉਣ/ਨਵੀਆਂ ਪਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

## ਅਮਰਗੜ੍ਹ ਸ਼ਹਿਰ ਦੇ ਬਾਈਪਾਸ ਸੜਕ ਦੀ ਉਸਾਰੀ ਕਰਨਾ

***1891 ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ (ਅਮਰਗੜ੍ਹ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਅਮਰਗੜ੍ਹ ਸ਼ਹਿਰ ਦੇ ਬਾਈਪਾਸ ਸੜਕ ਦੀ ਉਸਾਰੀ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ ; ਜੇਕਰ ਹੈ ਤਾਂ ਵੇਰਵੇ ਸਹਿਤ ਦੱਸਿਆ ਜਾਵੇ ?

----

## ਕਿਸਾਨਾਂ ਨੂੰ ਲੋੜ ਅਨੁਸਾਰ ਹੀ ਖਾਦ ਜਾਂ ਪੈਸਟੀਸਾਈਡ ਵੇਚਣਾ

***1912 ਸ਼੍ਰੀ ਬਲਕਾਰ ਸਿੰਘ ਸਿੱਧੂ (ਰਾਮਪੁਰਾ ਫੂਲ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**
ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਬਹੁਤ ਸਾਰੇ ਖਾਦ-ਬੀਜ ਵਿਕਰੇਤਾਵਾਂ ਵੱਲੋਂ ਕਿਸਾਨਾਂ ਨੂੰ ਖਾਦਾਂ ਦੀ ਵਿਕਰੀ ਸਮੇਂ ਲੋੜ ਤੋਂ ਵੱਧ ਜਾਂ ਜ਼ਬਰਦਸਤੀ ਪੈਸਟੀਸਾਈਡ/ਕੀਟਨਾਸ਼ਕ ਵੀ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ, ਜਿਸ ਨਾਲ ਕਿਸਾਨਾਂ ਤੇ ਬੇਲੋੜਾ ਆਰਥਿਕ ਬੋਝ ਪੈਂਦਾ ਹੈ ਅਤੇ ਕਈ ਵਾਰ ਇਹ ਪੈਸਟੀਸਾਈਡ ਖੇਤੀ ਲਈ ਲਾਭਦਾਇਕ ਵੀ ਸਾਬਤ ਨਹੀਂ ਹੁੰਦੇ; ਜੇਕਰ ਹਾਂ ਤਾਂ ਕੀ ਸਰਕਾਰ ਕੋਲ ਅਜਿਹੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ;

**ਅ**) ਪਿਛਲੇ ਤਿੰਨ ਸਾਲਾਂ ਦੌਰਾਨ ਇਸ ਸਬੰਧੀ ਕਿੰਨੀਆਂ ਜਾਂਚਾਂ ਕੀਤੀਆਂ ਗਈਆਂ ਅਤੇ ਕਿੰਨੇ ਵਿਕਰੇਤਾਵਾਂ/ ਸੋਸਾਇਟੀਆਂ ਖ਼ਿਲਾਫ਼ ਕਾਰਵਾਈ ਕੀਤੀ ਗਈ;

**ੲ**) ਕੀ ਸਰਕਾਰ ਇਸ ਸਬੰਧੀ ਕੋਈ ਨੀਤੀ ਜਾਂ ਹਦਾਇਤਾਂ ਜਾਰੀ ਕਰੇਗੀ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਹੀ ਖਾਦ ਜਾਂ ਪੈਸਟੀਸਾਈਡ ਵੇਚੇ ਜਾਣ ਅਤੇ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਜਾਂ ਬੰਡਲ ਵਿਕਰੀ (Bundled Sale) ਨਾ ਕੀਤੀ ਜਾਵੇ?

----

## ਸਿੰਚਾਈ ਲਈ ਸੂਏ ਦੀ ਉਸਾਰੀ ਕਰਨ ਸਮੇਂ ਪਿੰਡਾਂ ਲਈ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਨਾ

***1898 ਸ਼੍ਰੀ ਨਰੇਸ਼ ਪੁਰੀ (ਸੁਜਾਨਪੁਰ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਰਾਜ ਵਿੱਚ ਸਰਕਾਰ ਵੱਲੋਂ ਕੰਢੀ ਖੇਤਰ ਵਿੱਚ ਸਿੰਚਾਈ ਲਈ ਜੋ ਸੂਏ ਬਣਾਏ ਜਾ ਰਹੇ ਹਨ, ਉਨ੍ਹਾਂ ਦੀ ਉਸਾਰੀ ਕਰਨ ਸਮੇਂ ਨਾਲ ਲੱਗਦੇ ਪਿੰਡਾਂ ਦੇ ਪਾਣੀ ਦੀ ਨਿਕਾਸੀ ਦਾ ਕੋਈ ਪ੍ਰਬੰਧ ਕੀਤਾ ਗਿਆ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਬਿਜਲੀ ਬਿੱਲ ਨਕਦ ਜਮ੍ਹਾਂ ਕਰਵਾਉਣ ਤੇ ਰੋਕ ਲਗਾਉਣਾ

***1918 ਸ਼੍ਰੀ ਜਗਦੀਪ ਕੰਬੋਜ਼ ਗੋਲਡੀ ( ਜਲਾਲਾਬਾਦ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਵੱਲੋਂ 5,000/- ਰੁਪਏ ਤੋਂ ਵੱਧ ਦਾ ਬਿਜਲੀ ਬਿੱਲ ਨਕਦ ਰੂਪ ਵਿੱਚ ਜਮ੍ਹਾਂ ਕਰਵਾਉਣ ਤੇ ਰੋਕ ਲਗਾਈ ਗਈ ਹੈ; ਜੇਕਰ ਅਜਿਹਾ ਹੈ ਤਾਂ ਇਸ ਦਾ ਕੀ ਕਾਰਨ ਹੈ ਅਤੇ ਇਸ ਸੰਬੰਧੀ ਜਾਰੀ ਕੀਤੀਆਂ ਹਦਾਇਤਾਂ ਦਾ ਵੇਰਵਾ ਕੀ ਹੈ?

----

## ਸੀਨੀਅਰ ਸੈਕੰਡਰੀ ਸਕੂਲ, ਘਨੌਰ ਦੀ ਨਵੀਂ ਬਿਲਡਿੰਗ ਬਣਾਉਣਾ

***1868 ਸ਼੍ਰੀ ਗੁਰਲਾਲ ਸਿੰਘ (ਘਨੌਰ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸੀਨੀਅਰ ਸੈਕੰਡਰੀ ਸਕੂਲ, ਘਨੌਰ ਦੀ ਬਿਲਡਿੰਗ ਨਵੀਂ ਜਗ੍ਹਾ ਤੇ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

## ਮਲੌਦ ਸ਼ਹਿਰ ਵਿੱਚੋਂ ਲੰਘਦੀ ਮੁੱਖ ਸੜਕ ਤੇ ਬਾਈਪਾਸ ਬਣਾਉਣਾ

***1928 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਪਾਇਲ ਅਧੀਨ ਪੈਂਦੇ ਮਲੌਦ ਸ਼ਹਿਰ ਵਿੱਚੋਂ ਲੰਘਦੀ ਮੁੱਖ ਸੜਕ ਤੰਗ ਹੋਣ ਕਾਰਨ ਇਸ ਖੇਤਰ ਦੇ ਲਗਭਗ 48 ਪਿੰਡਾਂ ਦੇ ਵਸਨੀਕਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਟਰੈਫਿਕ ਜਾਮ ਕਾਰਨ ਸਥਾਨਕ ਦੁਕਾਨਦਾਰਾਂ ਦੇ ਕਾਰੋਬਾਰ ਤੇ ਵੀ ਮਾੜਾ ਪ੍ਰਭਾਵ ਪੈ ਰਿਹਾ ਹੈ; ਜੇਕਰ ਅਜਿਹਾ ਹੈ ਤਾਂ ਇੱਥੇ ਬਾਈਪਾਸ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਸਰਹੰਦ ਚੋਏ ਤੇ ਬਣੇ ਪੁਲਾਂ ਨੂੰ ਪੱਕਾ ਕਰਨਾ

***1882 ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਹੰਦ ਚੋਏ ਤੇ ਬਣੇ ਪੁਲਾਂ (ਜੋ ਕਿ ਪਿੰਡ ਘਾਬਦਾਂ, ਸੰਤੋਖਪੁਰਾ ਤੋਂ ਭਵਾਨੀਗੜ੍ਹ ਵਾਲੇ ਰਸਤੇ ਤੇ ਅਤੇ ਪਿੰਡ ਖੇੜੀ ਚੰਦਵਾਂ ਵਿਖੇ ਬਣੇ ਹੋਏ ਹਨ) ਦੀ ਹਾਲਤ ਬਹੁਤ ਖਰਾਬ ਹੈ ; ਇਹ ਪੁੱਲ ਬਹੁਤ ਨੀਵੇਂ ਬਣੇ ਹੋਏ ਹਨ ਅਤੇ ਇਨ੍ਹਾਂ ਦੀ ਬੁਨਿਆਦੀ ਮਿਆਦ ਖਤਮ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਨ੍ਹਾਂ ਦੀ ਮੁਰੰਮਤ ਜਾਂ ਮੁੜ ਉਸਾਰੀ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਜਗਰਾਉਂ ਸ਼ਹਿਰ ਦੀਆਂ ਮੁੱਖ ਸੜਕਾਂ ਦੀ ਮੁਰੰਮਤ ਦੇ ਵੇਰਵੇ

***1900 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਗਰਾਉਂ ਸ਼ਹਿਰ ਦੀਆਂ ਮੁੱਖ ਸੜਕਾਂ ਦੀ ਮੁਰੰਮਤ ਲਈ ਸਰਕਾਰ ਵੱਲੋਂ ਕੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਇਹ ਕੰਮ ਕਦੋਂ ਤੱਕ ਮੁਕੰਮਲ ਕੀਤੇ ਜਾਣਗੇ; ਵੇਰਵੇ ਸਹਿਤ ਦੱਸਿਆ ਜਾਵੇ?

----

## ਜੇਲ੍ਹਾਂ ਵਿੱਚ ਕੈਦੀਆਂ ਦੇ ਇਲਾਜ ਦਾ ਯੋਗ ਪ੍ਰਬੰਧ ਕਰਨਾ

***1964 ਸ. ਹਰਮੀਤ ਸਿੰਘ ਪਠਾਣਮਾਜਰਾ ( ਸਨੌਰ):**

**ਐੱਨ.ਆਰ.ਆਈ. ਮਾਮਲੇ , ਸੰਸਦੀ ਮਾਮਲੇ, ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਵਿਭਾਗ** ਕੀ ਜੇਲ੍ਹ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜੇਲ੍ਹਾਂ ਵਿੱਚ ਕੈਦੀਆਂ ਦੇ ਇਲਾਜ ਦਾ ਨਾ-ਮਾਤਰ ਪ੍ਰਬੰਧ ਹੋਣ ਕਾਰਨ ਬਹੁਤ ਸਾਰੇ ਕੈਦੀ ਠੀਕ ਇਲਾਜ ਦੀ ਸਹੂਲਤ ਤੋਂ ਵਾਂਝੇ ਰਹਿ ਜਾਂਦੇ ਹਨ; ਜੇਕਰ ਅਜਿਹਾ ਹੈ ਤਾਂ ਜੇਲ੍ਹਾਂ ਵਿੱਚ ਕੈਦੀਆਂ ਦੇ ਇਲਾਜ ਦਾ ਯੋਗ ਪ੍ਰਬੰਧ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ ?

----

**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਧਨੌਲਾ ਨੂੰ ਨਵੇਂ ਕੈਂਪਸ ਵਿੱਚ ਸ਼ਿਫਟ ਕਰਨਾ**

***1947 ਸ੍ਰੀ ਕੁਲਦੀਪ ਸਿੰਘ ਢਿੱਲੋਂ ਕਾਲਾ ਢਿੱਲੋਂ (ਬਰਨਾਲਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਧਨੌਲਾ ਜ਼ਿਲ੍ਹਾ ਬਰਨਾਲਾ ਵਿੱਚ ਕਲਾਸਰੂਮਾਂ ਅਤੇ ਜਗ੍ਹਾ ਦੀ ਘਾਟ ਕਾਰਨ ਵਿਦਿਆਰਥਣਾਂ ਨੂੰ ਪੜ੍ਹਾਈ ਵਿੱਚ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ; ਜੇਕਰ ਅਜਿਹਾ ਹੈ ਤਾਂ ਕੀ ਇਸ ਸਕੂਲ ਨੂੰ ਕਿਸੇ ਵੱਡੀ ਅਤੇ ਉਚਿਤ ਇਮਾਰਤ ਜਾਂ ਨਵੇਂ ਕੈਂਪਸ ਵਿੱਚ ਤਬਦੀਲ (Shift) ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਸ ਨੂੰ ਕਦੋਂ ਤੱਕ ਅਮਲ ਵਿੱਚ ਲਿਆਂਦਾ ਜਾਵੇਗਾ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**03 ਅਗਸਤ 2026.** **ਸਕੱਤਰ**